# ਦਫਤਰ ਜਿਲ੍ਹਾ ਸਿੱਖਿਆ ਅਫਸਰ (ਐਲੀ.ਸਿੱ.) ਤਰਨ ਤਾਰਨ

ਪੱਤਰ ਨੰ. ਸਸਅ/2023/ਆਰ.ਟੀ.ਈ.- 3804 ਮਿਤੀ: 9/6/2023

ਵੱਲ:

ਮੈਨੇਜਰ/ਪ੍ਰਿੰਸੀਪਲ/ਪ੍ਰਧਾਨ
ਦਾ ਬ੍ਰਿਟਿਸ਼ ਸਕੂਲ, ਪੱਟੀ (THE BRITISH SCHOOL, PATTI)
ਬਲਾਕ ਪੱਟੀ, (BLOCK PATTI)
ਜਿਲ੍ਹਾ ਤਰਨ ਤਾਰਨ। (DISTRICT TARN TARAN)

ਵਿਸ਼ਾ:- ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 ਦੇ ਨਿਯਮ 11 ਦੇ ਉੱਪ ਨਿਯਮ 11 ਦੇ ਉੱਪ ਨਿਯਮ (4) ਅਧੀਨ, ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦਾ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਸ੍ਰੀਮਾਨ/ ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀ ਬੇਨਤੀ ਨਾਲ ਦਾਖਲ ਸਵੈ-ਘੋਸ਼ਣਾ ਅਤੇ ਨਿਰੀਖਕ ਕਮੇਟੀ ਵਲੋਂ ਦਿੱਤੀ ਗਈ ਸਕੂਲ ਦੀ ਨਿਰੀਖਣ ਰਿਪੋਰਟ ਨੂੰ ਮੁੱਖ ਰੱਖਦੇ ਦਾ ਬ੍ਰਿਟਿਸ਼ ਸਕੂਲ, ਪੱਟੀ, ਬਲਾਕ ਪੱਟੀ, ਜਿਲ੍ਹਾ ਤਰਨ ਤਾਰਨ (THE BRITISH SCHOOL, PATTI, BLOCK PATTI, DISTRICT TARN TARAN) ਨੂੰ ਜਮਾਤ ਪਹਿਲੀ ਤੋਂ ਜਮਾਤ ਅਠਵੀਂ ਤੱਕ ਹੇਠ ਲਿਖੀਆਂ ਸ਼ਰਤਾਂ ਤਹਿਤ ਮਾਰਚ 2026 ਤੱਕ ਮਾਨਤਾ ਦਿੱਤੀ ਜਾਂਦੀ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀ ਲਿਆ ਜਾਣਾ ਚਾਹੀਦਾ ਹੈ ਕਿ ਇਹ ਅੱਠਵੀਂ ਜਮਾਤ ਦੀ ਮਾਨਤਾ/ ਸਬੰਧਕਰਨ ਲਈ ਲਾਜ਼ਮੀ ਹੈ।
2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009(ਸਾਰਣੀ-1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 (ਸਾਰਣੀ-2) ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3. ਸਕੂਲ ਦੀ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ ਜਮਾਤ ਜੇ ਵੀ ਲਾਗੂ ਹੋਵੇ) ਜਮਾਤ ਦੀ ਕੁੱਲ ਸੰਖਿਆ ਦਾ 25% ਕਮਜੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁੱਢਲੀ ਸਿੱਖਿਆ, ਇਸਦੇ ਪੂਰੇ ਹੋਣ ਤੱਕ ਪੜਤਾਲ ਕਰੇਗਾ।
4. ਸਕੂਲ ਦੇ ਪੈਰ੍ਹਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉੱਪ ਧਾਰਾ (2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ/ ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਬੱਚੇ ਦਾ ਉਸ ਦੇ ਮਾਪਿਆਂ ਜਾਂ ਸਰਪਰੱਸ ਦੀ ਚੋਣ ਦੀ ਕੋਈ ਵਿਧੀ ਨਹੀ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-

   ੳ. ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਸਕੂਲ ਵਿੱਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀ ਹੋ ਜਾਂਦੀ।

   ਅ. ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾ ਮਾਨਸਿਕ ਪ੍ਰੇਸ਼ਾਨੀ ਨਹੀ ਦਿੱਤੀ ਜਾਵੇਗੀ।

   ੲ. ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ, ਨੂੰ ਨਿਯਮ 25 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ।

   ਸ. ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ/ ਅਪੰਗ ਵਿਦਿਆਰਥੀਆਂ ਦੀ ਸ਼ਮੂਲੀਅਤ।

   ਹ. ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਧੀਨ ਦਿੱਤੀਆਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ।

ਕ. ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਨਗੇ।

ਖ. ਅਧਿਆਪਕ ਆਪਣੇ-ਆਪ ਨੂੰ ਪ੍ਰਾਈਵੇਟ ਟਿਊਸ਼ਨਾ ਵਿੱਚ ਮਸ਼ਰੂਫ ਨਹੀ ਰੱਖਣਗੇ।

7. ਸਕੂਲ ਪੜਾਈ ਦੇ ਵਿਸ਼ਿਆਂ ਦੇ ਅਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰੇਗਾ।

8. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਿਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।

9. ਸਕੂਲ ਦੇ ਇਸ ਨਾਮ ਤੇ ਸਕੂਲ ਦੀ ਇਮਾਰਤ ਦੇ ਅੰਦਰ ਜਾਂ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀ ਚਲਾਈ ਜਾਵੇਗੀ।

10. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ।

11. ਸਕੂਲ ਸੁਸਾਇਟੀ ਰਜਿਸਟਰੇਸ਼ਨ ਐਕਟ 1860 (1860 ਦਾ 21) ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ -ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।

12. ਸਕੂਲ ਸਮੇਂ ਸਮੇਂ ਤੇ ਲੋੜੀਂਦੇ ਦਸਤਾਵੇਜ਼, ਜਿਵੇਂ ਕਿ ਬਿਲਡਿੰਗ ਸੇਫਟੀ ਸਰਟੀਫਿਕੇਟ, ਫਾਇਰ ਸੇਫਟੀ ਸਰਟੀਫਿਕੇਟ, ਜਮੀਨ ਸਬੰਧੀ ਦਸਤਾਵੇਜ ਅਤੇ ਹੋਰ ਕੋਈ ਵੀ ਦਸਤਾਵੇਜ ਜਿਸ ਦੀ ਮਿਆਦ ਖਤਮ ਹੋ ਜਾਵੇ, ਦਾ ਨਵੀਨੀਕਰਨ ਕਰਵਾਏਗਾ ਤੇ ਇਸ ਦੀ ਕਾਪੀ ਦਫਤਰ ਜਿਲ੍ਹਾ ਸਿੱਖਿਆ ਅਫਸਰ (ਐਲੀ.ਸਿ) ਤਰਨ ਤਾਰਨ ਵਿਖੇ ਜਮਾਂਕਰਵਾਏਗਾ। ਜੇਕਰ ਸਕੂਲ ਇਸ ਕੰਮ ਪ੍ਰਤੀ ਅਣਗਿਹਲੀ ਕਰਦਾ ਪਾਇਆ ਜਾਂਦਾ ਹੈ ਤਾਂ ਸਕੂਲ ਦੀ ਮਾਨਤਾ ਬਿਨ੍ਹਾਂ ਨੋਟਿਸ ਦਿੱਤਿਆ ਰੱਦ ਕਰ ਦਿੱਤੀ ਜਾਵੇਗੀ।

13. ਸਕੂਲ ਕਿਸੇ ਨਿੱਜੀ, ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀ ਚਲਾਇਆ ਜਾ ਰਿਹਾ।

14. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤੇ ਜਾਣੇ ਚਾਹੀਦੇ ਹਨ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ। ਹਰ ਲੇਖਾ ਸਾਰਨੀ ਦੀ ਇੱਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਫਸਰ (ਐ.ਸਿੱ.) ਨੂੰ ਭੇਜੀ ਜਾਵੇਗੀ।

15. ਸਕੂਲ ਸਰਕਾਰ ਅਤੇ ਵਿਭਾਗ ਵੱਲੋਂ ਸਮੇਂ ਸਮੇਂ ਤੇ ਜਾਰੀ ਸਕੂਲੀ ਟਰਾਂਸਪੋਰਟ ਸਬੰਧੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਣੀ ਬਣਾਏਗਾ। ਸਕੂਲ ਵਿਭਾਗ ਵਲੋਂ ਜਾਰੀ ਸੇਫ ਵਾਹਨ ਪਾਲਸੀ ਦੀ ਪਾਲਣਾ ਕਰਨੀ ਯਕੀਨੀ ਬਣਾਏਗਾ।

16. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ <u>ਆਰ.ਟੀ.ਈ. ਤਰਨ ਤਾਰਨ-23080456</u> ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।

17. ਸਕੂਲ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ-ਸਮੇਂ ਤੇ ਮੰਗੀ ਗਈ ਸੂਚਨਾਂ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਹਦਾਇਤਾ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲ ਦੇ ਕੰਮ-ਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।

18. ਸੰਸਥਾ ਦੀ ਰਜਿਸਟ੍ਰੇਸ਼ਨ ਜਾਂ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ ਕਰਵਾਉਣਾ ਯਕੀਨੀ ਬਣਾਇਆ ਜਾਵੇ।

19. ਸਕੂਲ **The Punjab Regulation of Fee of Unaided Educational Institutions Act, 2016 (Punjab Act No. 47 of 2016)** ਦੀ ਪਾਲਣਾ ਦਾ ਪਾਬੰਧ ਰਹੇਗਾ।

20. ਸਕੂਲ/ਸੰਸਥਾ ਆਰ.ਟੀ.ਆਈ. ਐਕਟ 2009 ਦੀਆਂ ਸਾਰੀਆ ਸ਼ਰਤਾਂ ਅਤੇ ਨਿਯਮਾਂ ਨੂੰ ਲਾਗੂ ਕਰਨ ਦਾ ਪਾਬੰਧ ਹੋਵੇਗਾ। ਜੇਕਰ ਸਕੂਲ ਵਿਭਾਗ ਵਲੋਂ ਜਾਰੀ ਕੀਤੀਆਂ ਹਦਾਇਤਾਂ/ਨਿਯਮਾਂ ਜਾਂ ਆਰ.ਟੀ.ਈ. ਐਕਟ ਦੇ ਕਿਸੇ ਵੀ ਧਾਰਾ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਸਕੂਲ ਦੀ ਮਾਨਤਾ ਰੱਦ ਕਰ ਦਿੱਤੀ ਜਾਵੇਗੀ।

9/6/23

ਜਿਲ੍ਹਾ ਸਿੱਖਿਆ ਅਫਸਰ (ਐ.ਸਿੱ.)
ਤਰਨ ਤਾਰਨ 9/6/23

True Translation from Punjabi to English

**OFFICE OF THE DISTRICT EDUCATION OFFICER (ELEMENTARY EDUCATION)**
**TARN TARAN**

Letter No.SSA/2023/RTE/3804 Dated: 09/06/2023

To

The Manager/ Principal/ Chairman
The British School, Patti
Block Patti
District Tarn Taran

**Subject: Recognition letter for Right to Free and Compulsory Education Act, 2009, section 18 and Free and Compulsory Education Act of Punjab 2011 Section 11**

Sir/ madam

With reference to the subject cited above, The British School, Patti, Block Patti, District Tarn Taran is granted Recognition from Classes 1st to 8th on the basis of your request letter, Self Declaration and Inspection Committee Report up to March 2026 on the terms and conditions as given below:

1. The recognition approval is not extendable and in any condition it cannot be assumed that it is compulsory for 8th class affiliation.
2. The school will follow all the guidelines for the free and compulsory education of the students under Right to Education Act 2009 and 2011.
3. The school will ensure admission of 25% students in first class, from the economically poor and backward classes of the nearby society.
4. The school will record all the expenses incurred on the students as per the above para no.3 and open a separate bank account to further recoup the expenditure
5. The school will neither charge any capitation fee nor will adopt any method to rusticate the child or shunt out his parents or guardians.
6. The school will not refuse admission of any child in the absence of his/ her birth certificate and section 15 of the act will be complied. The school will also ensure that:
    - No student will be either detained or removed until his/ her preliminary education is completed.
    - No student will be given physical punishment or mental harassment.
    - Every student will be issued a certificate as per section 21 of the Act that he/ she has completed preliminary education.
    - Enrollment of Special students as per norms of the Act.
    - This is mandatory for the teachers that they must have minimum qualification as per section 23(1).
    - The teachers will follow the instructions under the Act 24(1).
    - The teachers will not take private tuitions.
7. The school will follow curriculum and syllabus as set by the Competent Authority.
8. The school will comply all the conditions as mentioned under Act 19
9. No un-recognised class will be run in the school premises or under the school name
10. The school building or its infrastructure or playground will be used only for education purpose.
11. The school is run under the registered Society or Trust under Registration Act 1860

12. The school will get renewed Building Safety Certificate, Fire Safety Certificate and other essential documents on the expiry of the same and its copy will be deposited with the District Education Officer (Elementary Education), Tarn Taran. In case of violation of these norms the recognition of the school will be cancelled without any notice.
13. The school is not run for the personal benefit of itself, groups or any kind of person.
14. The school will get its accounts audited every year from the certified Chartered Accountant and a copy of the audited accounts statements will be sent to the office of the District Education Officer (EE), Tarn Taran
15. The school will ensure implementation of all the instructions issued by the concerned department regarding school transport. The school will also ensure implementation of Safe School Vahan Policy.
16. Your school Recognition Code Number is RTE Tarn Taran- 23080456. This may be noted for making all types of correspondences with this office.
17. The school will provide all the information as demanded by the District Education Officer from time to time.
18. The renewal of registration number of the society be renewed timely if applicable.
19. The school will follow The Punjab Regulation of Fee of Unaided Educational Institutions Act, 2016 (Punjab Act No.47 of 2016).
20. The school is bound to implement all the terms and conditions of RTE Act 2009. Its recognition will be cancelled if it is found violating the instructions / rules of the RTE Act.

**Sd/-**
**09/06/2023**
**District Education Officer (EE)**
**Tarn Taran**

-